**ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ ਅਤੇ**
**ਸਟੇਟ ਪ੍ਰੋਜੈਕਟ ਡਾਇਰੈਕਟਰ, ਸਰਵ ਸਿੱਖਿਆ ਅਭਿਆਨ ਅਥਾਰਟੀ,ਪੰਜਾਬ,**
**ਐਸ. ਸੀ. ਓ ਨੰ. 104-106, ਸੈਕਟਰ 34 ਏ, ਚੰਡੀਗੜ੍ਹ**

ਸੇਵਾ ਵਿਖੇ

1. ਰਾਜ ਦੇ ਸਮੂਹ ਜ਼ਿਲ੍ਹਾ ਸਿੱਖਿਆ ਅਫਸਰ (ਸੈ.ਸਿ.) ਅਤੇ (ਐ.ਸਿ.)
2. ਰਾਜ ਦੇ ਸਮੂਹ ਸਕੂਲਾਂ ਦੇ ਮੁੱਖੀ (ਵੈੱਬ ਸਾਈਟ)

ਮੀਮੋ ਨੰ ਸਸਅ/ਡਿਐਸਪੀਡੀ/39335
ਮਿਤੀ ਚੰਡੀਗੜ੍ਹ 28 ਮਈ, 2010

**ਵਿਸ਼ਾ** **ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਜਾਰੀ ਕੀਤੇ ਨਿਰਦੇਸ਼ਾਂ ਅਨੁਸਾਰ ਦਸਵੀਂ ਅਤੇ ਬਾਰ੍ਹਵੀ ਕਲਾਸਾਂ ਦੇ ਵਿਦਿਆਰਥੀਆਂ ਦੇ ਪ੍ਰੀਖਿਆ ਦੇ ਫਾਰਮ ਜਮ੍ਹਾ ਕਰਵਾਉਣ ਬਾਰੇ ।**

1.0 ਉਪਰੋਕਤ ਵਿਸ਼ੇ ਵੱਲ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ ।

2.0 ਆਪ ਜੀ ਨੂੰ ਪਤਾ ਹੋਵੇਗਾ ਕਿ ਪੰਜਾਬ ਸਕੂਲ ਸਿੱਖਿਆ ਬੋਰਡ ਦੁਆਰਾ ਲਏ ਗਏ ਫੈਸਲੇ ਅਨੁਸਾਰ ਇਸ ਸਾਲ ਦਸਵੀਂ ਅਤੇ ਬਾਰ੍ਹਵੀ ਦੀਆਂ ਕਲਾਸਾਂ ਵਿੱਚ ਸਮੈਸਟਰ ਸਿਸਟਮ ਲਾਗੂ ਕੀਤਾ ਜਾ ਚੁੱਕਿਆ ਹੈ ।ਇਨ੍ਹਾਂ ਜਮਾਤਾਂ ਦੀ ਪਹਿਲੇ ਸਮੈਸਟਰ ਦੀ ਪ੍ਰੀਖਿਆ ਸਤੰਬਰ, 2010 ਵਿੱਚ ਕੀਤੀ ਜਾਣੀ ਨਿਯਤ ਹੈ । ਇਹ ਗੱਲ ਸੱਪਸ਼ਟ ਹੈ ਕਿ ਪਹਿਲੇ ਸਮੈਸਟਰ ਲਈ ਵਿਦਿਆਰਥੀਆਂ ਦੇ ਪ੍ਰੀਖਿਆ ਦੇ ਫਾਰਮ ਭਰ ਕੇ ਭਿਜਵਾਉਣ ਦਾ ਕੰਮ ਸਮੇ ਸਿਰ ਕੀਤਾ ਜਾਣਾ ਲਾਜ਼ਮੀ ਹੈ ਕਿਉਂ ਕਿ ਜੇ ਇਸ ਵਿੱਚ ਦੇਰੀ ਹੋਵੇਗੀ ਤਾਂ ਬੋਰਡ ਵੱਲੋਂ ਸਤੰਬਰ ਵਿੱਚ ਪ੍ਰੀਖਿਆਵਾਂ ਕਰਵਾਉਣ ਵਿੱਚ ਔਕੜ ਆ ਸਕਦੀ ਹੈ । ਇਸ ਗੱਲ ਨੂੰ ਮੁੱਖ ਰੱਖਦਿਆ ਬੋਰਡ ਵੱਲੋਂ ਫਾਰਮ ਜਮ੍ਹਾ ਕਰਵਾਉਣ ਦੀ 14 ਜੂਨ ਅਤੇ 21 ਜੂਨ, 2010 ਮਿਤੀਆਂ ਨਿਸ਼ਚਿਤ ਕੀਤੀਆਂ ਗਈਆਂ ਹਨ । ਪਰੰਤੂ ਵੱਖ-ਵੱਖ ਸਕੂਲਾਂ ਤੋਂ ਪ੍ਰਾਪਤ ਹੋਏ ਸੰਦੇਸਾਂ ਅਤੇ ਮਿਲੀ ਜਾਣਕਾਰੀ ਮੁਤਾਬਿਕ ਸ਼ਾਇਦ ਸਕੂਲਾਂ ਵਿੱਚ ਇਸ ਗੱਲ ਬਾਰੇ ਸ਼ੰਕਾ ਪ੍ਰਗਟ ਕੀਤੀ ਜਾ ਰਹੀਂ ਹੈ ਕਿ ਸਕੂਲਾਂ ਵਿੱਚ ਛੁੱਟੀਆਂ ਹੋਣ ਕਰਕੇ ਇਨ੍ਹਾਂ ਮਿਤੀਆਂ ਤੀਕ ਵਿਦਿਆਰਥੀਆਂ ਵੱਲੋਂ ਫਾਰਮ ਭਰਵਾਏ ਜਾਣੇ ਮੁਮਕਿਨ ਨਹੀਂ ਹਨ ।

3.0 ਇਸ ਮੁੱਦੇ ਨੂੰ ਪੰਜਾਬ ਸਕੂਲ ਸਿੱਖਿਆ ਬੋਰਡ ਨਾਲ ਮਾਨਯੋਗ ਪ੍ਰਮੁੱਖ ਸਕੱਤਰ ਸਕੂਲ ਸਿੱਖਿਆ ਜੀ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ ਵਿੱਚ ਬੜੀ ਡੂੰਘਾਈ ਵਿੱਚ ਵਿਚਾਰਿਆ ਗਿਆ ਹੈ । ਇਹ ਮਹਿਸੂਸ ਕੀਤਾ ਜਾਂਦਾ ਹੈ ਕਿ ਹਾਈ ਅਤੇ ਸੀਨੀਅਰ ਸੈਕੰਡਰੀ ਸਕੂਲਾਂ ਵਿੱਚ ਸਕੂਲ ਮੁੱਖੀ ਅਤੇ ਕਲਰਕਾਂ ਦੀਆਂ ਗਰਮੀ ਦੀਆਂ ਛੁੱਟੀਆਂ ਨਹੀਂ ਹੁੰਦੀਆਂ ਹਨ ਅਤੇ ਉਹ ਸਕੂਲਾਂ ਦੇ ਵਿੱਚ ਰੋਜ ਮਰ੍ਹਾਂ ਦੇ ਕੰਮ ਵੀ ਨਿਪਟਾਉਂਦੇ ਹਨ । ਸਮੂਹ ਸਕੂਲ ਮੁੱਖੀਆਂ ਨੂੰ ਲਿਖਿਆ ਜਾਂਦਾ ਹੈ ਕਿ ਇਨ੍ਹਾਂ ਵਿਦਿਆਰਥੀਆਂ ਦੇ ਪ੍ਰੀਖਿਆ ਦੇ ਫਾਰਮ ਆਪਣੇ ਸਕੂਲ ਵਿੱਚ ਉਕਤ ਮਿਤੀ ਤੀਕ ਮੌਜੂਦ ਕਲਰਕਾਂ ਦੀ ਮਦਦ ਨਾਲ ਭਰਵਾ ਲਏ ਜਾਣ । ਜਿੱਥੇ ਕਿਸੇ ਅਧਿਆਪਕ ਨੂੰ ਵੀ ਵਿਸ਼ੇਸ਼ ਹਾਲਤਾਂ ਵਿੱਚ ਬੁਲਾਉਣ ਦੀ ਲੋੜ ਪੈਂਦੀ ਹੈ, ਤਾਂ ਬੁਲਾ ਲਿਆ ਜਾਵੇ ਤਾਂ ਜੋ ਵਿਦਿਆਰਥੀਆਂ ਨੂੰ ਕਿਸੇ ਕਿਸਮ ਦੀ ਕੋਈ ਸਮੱਸਿਆ ਨਾ ਆਵੇ ।

4.0 ਇਹ ਵੀ ਸੱਪਸ਼ਟ ਕੀਤਾ ਜਾਂਦਾ ਹੈ ਕਿ ਜੇਕਰ ਕੋਈ ਵਿਦਿਆਰਥੀ ਦਾਖਲੇ ਲਈ ਵੀ ਸਕੂਲ ਆਉਂਦਾ ਹੈ ਤਾਂ ਉਸ ਨੂੰ ਸਕੂਲ ਵਿੱਚ ਦਾਖਲੇ ਤੋਂ ਮਨ੍ਹਾਂ ਨਾ ਕੀਤਾ ਜਾਵੇ ਅਤੇ ਉਸ ਨੂੰ ਸਕੂਲ ਵਿੱਚ ਨਿਯਮਾਂ ਅਨੁਸਾਰ ਦਾਖਲਾ ਦਿੱਤਾ ਜਾਵੇ ।

ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ

ਪਿਠ ਅੰਕਣ ਨੰ :ਸਸਅ/ਡਿ.ਐਸ.ਪੀ.ਡੀ/39336-338 ਮਿਤੀ 28-05-2010

ਇਸ ਦਾ ਇਕ ਉਤਾਰਾ ਮੰਡਲ ਸਿੱਖਿਆ ਅਫਸਰ, ਨਾਭਾ, ਜਲੰਧਰ ਅਤੇ ਫਰੀਦਕੋਟ ਨੂੰ ਸੂਚਨਾ ਅਤੇ ਯੋਗ ਕਾਰਵਾਈ ਲਈ ਭੇਜਿਆ ਜਾਂਦਾ ਹੈ ।

ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ

ਉਤਾਰਾ ਚੇਅਰਮੈਨ, ਪੰਜਾਬ ਸਕੂਲ ਸਿੱਖਿਆ ਬੋਰਡ